ਵਰਲਡ ਪੰਜਾਬੀ ਟਾਈਮਜ਼
WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ ਸਹਿ ਸੰਪਾਦਕ: ਨਵਜੋਤ ਬਿਲਿੰਗ ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times 25 ਨਵੰਬਰ 2026 ਦਿਨ ਬੁੱਧਵਾਰ ਈ-ਪੇਪਰ ਵਰਲਡ ਪੰਜਾਬੀ ਟਾਈਮਜ਼

ਮੈਟਰੋ ਰੋਡ, ਜੀਵਨ ਨਗਰ 'ਚ '1 ਕਰੋੜ 55 ਲੱਖ ਦੇ ਵਿਕਾਸ ਕਾਰਜਾਂ ਦਾ ਉਦਘਾਟਨ

ਇਸ ਸੜਕ ਦੇ ਕੰਮ ਮੁਕੰਮਲ ਹੋਣ ਨਾਲ ਰਾਹਗੀਰਾਂ ਨੂੰ ਮਿਲੇਗੀ ਵੱਡੀ ਰਾਹਤ – ਵਿਧਾਇਕ ਗਰੇਵਾਲ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ:25 ਨਵੰਬਰ : ਵਿਧਾਨ ਸਭਾ ਹਲਕਾ ਪੂਰਵੀ ਤੋਂ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਵੱਲੋਂ ਅੱਜ ਮੈਟਰ ਰੋਡ ਅਤੇ ਜੀਵਨ ਨਗਰ ਚੌਕ ਤੱਕ ਸੜਕਾਂ ਦੇ ਨਿਰਮਾਣ ਕਾਰਜਾਂ ਦਾ ਉਦਘਾਟਨ ਕੀਤਾ ਗਿਆ ।

ਇਸ ਮੌਕੇ ਤੇ ਹੋਰ ਜਾਣਕਾਰੀ ਦਿੰਦੇ ਹੋਏ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਨੇ ਦੱਸਿਆ ਕਿ ਇਲਾਕਾ ਵਾਸੀਆਂ ਦੀ ਪਿਛਲੇ ਸਮੇਂ ਤੋਂ ਮੰਗ ਨੂੰ ਦੇਖਦੇ ਹੋਏ ਅੱਜ ਇਕ ਕਰੋੜ 55 ਲੱਖ ਦੀ ਲਾਗਤ ਨਾਲ ਬਣਨ ਜਾ ਰਹੀ ਲੁੱਕ ਵਾਲੀ ਸੜਕ ਦੇ ਕੰਮ ਦੀ ਸ਼ੁਰੂਆਤ ਕੀਤੀ ਗਈ ਹੈ, ਇਹ ਮੈਟਰੋ ਰੋਡ ਤੋਂ ਜੀਵਨ ਨਗਰ ਚੌਕ ਤੱਕ ਜਾਏਗੀ ਅਤੇ ਇਸ ਸੜਕ ਦੇ ਕੰਮਾਂ ਨੂੰ ਆਉਣ ਵਾਲੇ ਦਿਨਾਂ ਚ ਜਲਦ ਹੀ ਮੁਕੰਮਲ ਕਰ ਲਿਆ ਜਾਵੇਗਾ । ਉਹਨਾਂ ਕਿਹਾ ਕਿ ਇਸ ਸੜਕ ਦੇ ਬਣਨ ਨਾਲ ਰਾਹਗੀਰਾਂ ਅਤੇ ਇਲਾਕਾ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ। ਵਿਧਾਇਕ ਗਰੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮੁੱਖ ਟੀਚਾ ਸੂਬਾ ਵਾਸੀਆਂ ਨੂੰ ਹਰ ਤਰ੍ਹਾਂ ਦੀਆਂ ਜਰੂਰੀ ਸਹੂਲਤਾਂ ਮੁਹਈਆ ਕਰਵਾਉਣਾ ਅਤੇ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣਾ ਹੀ ਮੁੱਖ ਮਕਸਦ ਹੈ । ਇਸ ਮੌਕੇ ਤੇ ਹਾਜ਼ਰ ਇਲਾਕਾ ਵਾਸੀਆਂ ਨੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਅਤੇ ਵਿਧਾਇਕ ਦਲਜੀਤ ਸਿੰਘ ਗਰੇਵਾਲ ਭੋਲਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਲਾਕੇ ਚ ਰਿਕਾਰਡ ਤੋੜ ਵਿਕਾਸ ਕਾਰਜ ਕਰਵਾਉਣ ਲਈ ਉਹ ਸਭ ਇਲਾਕਾ ਵਾਸੀ ਉਹਨਾਂ ਦੇ ਧੰਨਵਾਦੀ ਹਨ ਅਤੇ ਹਮੇਸ਼ਾ ਲਈ ਰਿਣੀ ਰਹਿਣਗੇ । ਇਸ ਮੌਕੇ ਕੌਂਸਲਰ ਅਮਰਜੀਤ ਸਿੰਘ , ਰਮੇਸ਼ ਪਿੰਕਾ , ਸੰਦੀਪ ਮਿਸ਼ਰਾ , ਲੱਖਨ ਗਰੇਵਾਲ , ਅੰਸ਼ੁਲ , ਰਵਿੰਦਰ ਸਿੰਘ , ਹਨੀ ਅਗਰਵਾਲ , ਮੋਟੀ ਸੂਦ , ਪਰਮਜੀਤ ਕਾਲੜਾ , ਮੋਹਿਤ ਸ਼ਰਮਾ , ਦੀਪਕ , ਰਾਜਿੰਦਰ ਕੁਮਾਰ , ਮੋਟੂ , ਪਵਨ ਕੁਮਾਰ ਵੱਡੀ ਗਿਣਤੀ ਚ ਇਲਾਕਾ ਵਾਸੀ ਹਾਜ਼ਰ ਸਨ।

ਪੀ.ਏ.ਯੂ. ਮਾਹਿਰ ਨੂੰ ਗੁੱਲੀ ਡੰਡੇ ਨਦੀਨ ਬਾਰੇ ਖੋਜ ਪ੍ਰੋਜੈਕਟ ਹਾਸਲ ਹੋਇਆ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 25 ਨਵੰਬਰ : ਪੀ.ਏ.ਯੂ. ਦੇ ਡਾ. ਗੁਰਦੇਵ ਸਿੰਘ ਖੁਸ਼ ਇੰਸਟੀਚਿਊਟ ਆਫ ਜੈਨੇਟਿਕਸ ਦੇ ਮਾਹਿਰ ਡਾ. ਪੱਲਵੀ ਮਲਿਕ ਨੂੰ ਭਾਰਤ ਸਰਕਾਰ ਦੇ ਬਾਇਓਤਕਨਾਲੋਜੀ ਵਿਭਾਗ ਤੋਂ ਵਿਸ਼ੇਸ਼ ਖੋਜ ਪ੍ਰੋਜੈਕਟ ਤਹਿਤ 99.99 ਲੱਖ ਰੁਪਏ ਦੀ ਇਮਦਾਦ ਦਾ ਪ੍ਰੋਜੈਕਟ ਹਾਸਲ ਹੋਇਆ ਹੈ| ਤਿੰਨ ਸਾਲ ਦੇ ਇਸ ਪ੍ਰੋਜੈਕਟ ਤਹਿਤ ਕਣਕ ਦੇ ਮੁੱਖ ਨਦੀਨ ਗੁੱਲੀ ਡੰਡੇ ਬਾਰੇ ਨਦੀਨਨਾਸ਼ਕਾਂ ਦੀ ਸ਼ਹਿਣਸ਼ੀਲਤਾ ਬਾਰੇ ਖੋਜ ਕੀਤੀ ਜਾਵੇਗੀ| ਇਹ ਪ੍ਰੋਜੈਕਟ ਇਸ ਦਿਸ਼ਾ ਵਿਚ ਖੋਜ ਕਰੇਗਾ ਕਿ ਇੱਕੋ ਤਰ੍ਹਾਂ ਦੇ ਨਦੀਨ ਨਾਸ਼ਕਾਂ ਦੀ ਵਰਤੋਂ ਨਾਲ ਪੰਜਾਬ ਅਤੇ ਹੋਰ ਰਾਜਾਂ ਵਿਚ ਗੁੱਲੀ ਡੰਡੇ ਵਿਚ ਪ੍ਰਤੀਰੋਧਕਤਾ ਕਿਉਂ ਪੈਦਾ ਹੋ ਜਾਂਦੀ ਹੈ| ਡਾ. ਪੱਲਵੀ ਮਲਿਕ ਨਾਲ ਖੋਜ ਸਹਿਯੋਗ ਲਈ ਡਾ. ਪ੍ਰਵੀਨ ਛੁਨੇਜਾ, ਡਾ. ਸਤਿੰਦਰ ਕੌਰ ਅਤੇ ਡਾ. ਤਰੁਨਦੀਪ ਕੌਰ ਧਾਲੀਵਾਲ ਵੀ ਟੀਮ ਦਾ ਹਿੱਸਾ ਹੋਣਗੇ|

ਪੀ.ਏ.ਯੂ. ਦੇ ਵਾਈਸ ਚਾਂਸਲਰ ਡਾ. ਹਰਵਿੰਦਰ ਸਿੰਘ ਧਾਲੀਵਾਲ, ਨਿਰਦੇਸ਼ਕ ਖੋਜ ਡਾ. ਅਜਮੇਰ ਸਿੰਘ ਢੱਟ ਨੇ ਡਾ. ਪੱਲਵੀ ਮਲਿਕ ਅਤੇ ਸਹਿਯੋਗੀ ਵਿਗਿਆਨੀਆਂ ਨੂੰ ਇਸ ਪ੍ਰੋਜੈਕਟ ਲਈ ਸ਼ੁਭ ਕਾਮਨਾਵਾਂ ਦਿੰਦਿਆਂ ਆਸ ਪ੍ਰਗਟਾਈ ਕਿ ਉਹਨਾਂ ਦੀ ਖੋਜ ਨਾਲ ਗੁੱਲੀਡੰਡੇ ਦੀ ਰੋਕਥਾਮ ਬਾਰੇ ਗੰਭੀਰ ਸਿੱਟੇ ਸਾਹਮਣੇ ਆਉਣਗੇ|

ਨਗਰ ਨਿਗਮ ਚੋਣਾਂ ਲਈ ਆਈ ਏ ਐਸ ਅਧਿਕਾਰੀ ਡਾ. ਸੇਨੂੰ ਦੁੱਗਲ, ਆਬਜ਼ਰਵਰ ਨਿਯੁਕਤ

ਆਮ ਵੋਟਰਾਂ ਤੇ ਉਮੀਦਵਾਰਾਂ ਦੀ ਸਹੂਲਤ ਲਈ ਨੋਡਲ ਅਫ਼ਸਰ ਸ਼ਿਕਾਇਤਾਂ ਦੇ ਮੋਬਾਇਲ ਨੰਬਰ ਤੇ ਈਮੇਲ ਜਾਰੀ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 25 ਨਵੰਬਰ: ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਪਟਿਆਲਾ ਜ਼ਿਲ੍ਹੇ ਵਿੱਚ ਨਗਰ ਨਿਗਮ ਪਟਿਆਲਾ ਵਿਚ 30 ਵਾਰਡਾਂ ਦੀਆਂ 28.11.2026 (ਸ਼ਨੀਵਾਰ) ਨੂੰ ਹੋਣ ਵਾਲੀਆਂ ਮੁੜ ਚੋਣਾਂ ਨੂੰ ਸੁਤੰਤਰ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਨੇਪਰੇ ਚਾੜ੍ਹਨ ਲਈ ਆਈਏਐਸ ਅਧਿਕਾਰੀ ਡਾ. ਸੇਨੂੰ ਦੁੱਗਲ ਨੂੰ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ।



ਰਾਜ ਚੋਣ ਕਮਿਸ਼ਨ ਵੱਲੋਂ ਨਿਯੁਕਤ ਕੀਤੇ ਆਬਜ਼ਰਵਰ ਡਾ. ਸੇਨੂੰ ਦੁੱਗਲ ਨੇ ਅੱਜ ਪਟਿਆਲਾ ਵਿਖੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਕੁਲਦੀਪ ਬਾਵਾ ਨਾਲ ਬੈਠਕ ਕਰਕੇ ਚੋਣਾਂ ਬਾਰੇ ਪ੍ਰਬੰਧਾਂ ਦਾ ਜਾਇਜ਼ਾ ਲਿਆ।

ਇਸ ਦੌਰਾਨ ਆਬਜ਼ਰਵਰ ਨੇ ਨਗਰ ਨਿਗਮ ਦੇ 30 ਵਾਰਡਾਂ ਦੇ ਆਮ ਵੋਟਰਾਂ ਤੇ ਉਮੀਦਵਾਰਾਂ ਦੀ ਸਹੂਲਤ ਲਈ ਨੋਡਲ ਅਫ਼ਸਰ ਸ਼ਿਕਾਇਤਾਂ ਦੇ ਮੋਬਾਇਲ ਨੰਬਰ ' ਤੇ 96460-06027 ਅਤੇ ਈ-ਮੇਲ ਆਈ.ਡੀ. patialazp@gmail.com ਜਾਰੀ ਕੀਤੀ।ਆਬਜ਼ਰਵਰ ਨੇ ਕਿਹਾ ਕਿ ਕਿਸੇ ਵੀ ਸਮੇਂ ਇਨ੍ਹਾਂ ਨੰਬਰਾਂ ਅਤੇ ਈਮੇਲ 'ਤੇ ਨਗਰ ਨਿਗਮ ਦੀਆਂ ਮੁੜ ਚੋਣਾਂ 2026 ਬਾਬਤ ਸੰਪਰਕ ਕੀਤਾ ਜਾ ਸਕਦਾ ਹੈ।

ਏ.ਡੀ.ਸੀ ਕੁਲਦੀਪ ਬਾਵਾ ਨੇ ਦੱਸਿਆ ਕਿ ਡਾ. ਸੇਨੂੰ ਦੁੱਗਲ ਮਿਤੀ 28 ਨਵੰਬਰ ਤੱਕ ਪਟਿਆਲਾ ਵਿਖੇ ਬਤੌਰ ਆਬਜ਼ਰਵਰ ਤਾਇਨਾਤ ਰਹਿਣਗੇ।

ਗ਼ਜ਼ਲ

ਪੂਰਨ ਪੁੱਤ ਪਰਦੇਸੀਂ ਜਦ ਵੀ ਕਰਨ ਕਮਾਈਆਂ ਤੁਰ ਜਾਂਦੇ ਨੇ।
ਕੱਚੇ ਕੋਠੇ ਸਣੇ ਬਨੇਰੇ, ਭੁਰਦੇ ਭੁਰਦੇ ਭੁਰ ਜਾਂਦੇ ਨੇ।

ਘਰ ਦਾ ਨਾਂ ਤਾਂ 'ਰੈਣ ਬਸੇਰਾ" ਰੱਖ ਲਿਆ ਸੀ ਵੇਖਾ ਵੇਖੀ,
ਯਾਦ ਨਹੀਂ ਸੀ ਸਗਲ ਮੁਸਾਫ਼ਿਰ, ਰਾਤਾਂ ਕੱਟ ਕੇ ਤੁਰ ਜਾਂਦੇ ਨੇ।

ਰਾਤੀਂ ਅੰਬਰ ਤੇ ਚੰਨ ਚੜ੍ਹਿਆ, ਤਾਰੇ ਲਿਸ਼ਕੇ, ਚਲੇ ਗਏ ਨੇ,
ਠੇਸ ਹਕੀਕਤ ਪੱਲੇ ਪਾ ਕੇ, ਖ਼ਾਲੀ ਥਾਂ ਕਰ ਪੁਰ ਜਾਂਦੇ ਨੇ।

ਜੇ ਧਰਤੀ ਦੇ ਨੇੜੇ ਰਹੀਏ, ਵਣ ਤ੍ਰਿਣ ਨਾਲ ਦੋਸਤੀ ਰੱਖੀਏ,
ਤੁਰਦੇ ਫਿਰਦੇ, ਗ਼ਜ਼ਲਾਂ ਵਰਗੇ, ਕਿੰਨੇ ਫੁਰਨੇ ਫੁਰ ਜਾਂਦੇ ਨੇ।

ਧਰਤ ਸਮੁੰਦਰ, ਅੰਬਰ ਗਾਵੇ, ਜਿੰਦ ਸਾਹਵਾਂ ਵਿਚ ਘੁਲਦੀ ਜਾਵੇ,
ਕਣ ਕਣ ਵਿਚ ਖੁਸ਼ਬੋਈ ਦੇ ਸੰਗ, ਸ਼ਬਦ ਸਰੂਰੇ ਸੁਰ ਜਾਂਦੇ ਨੇ।

ਧਰਤ ਤਪੰਦੜੀ ਕਣੀਆਂ ਲੋੜੇ, ਸ਼ਾਇਰ ਹੈਂ ਤੂੰ ਖੁੱਲ੍ਹ ਕੇ ਵਰ੍ਹ ਜਾ,
ਬੋਲ ਇਲਾਹੀ ਵੇਖੀਂ ਕਿੱਦਾਂ, ਰੂਹ ਦੇ ਅੰਦਰ ਧੁਰ ਜਾਂਦੇ ਨੇ।

ਵਕਤ ਬੜਾ ਹੀ ਜ਼ਾਲਮ ਸਾਈਂ, ਸਭ ਪਹਿਚਾਣੇ ਅਸਲੀ ਨਕਲੀ,
ਬਿਰਖ਼ ਸਲਾਮਤ ਰਹਿੰਦਾ, ਸਾਏ ਨੇੜ੍ਹੇ ਦੇ ਵਿਚ ਖ਼ੁਰ ਜਾਂਦੇ ਨੇ।

ਵਰਲਡ ਪੰਜਾਬੀ ਟਾਈਮਜ਼
ਗੁਰਭਜਨ ਗਿੱਲ

ਇੰਡੀਆ ਗੱਠਜੋੜ ਵਿੱਚ ਸ਼ਾਮਲ ਪਾਰਟੀਆਂ ਪੰਜਾਬ ਸਮੇਤ ਸਭ ਚੋਣਾਂ ਮਿਲ ਕੇ ਲੜਣ : ਹਰਦੇਵ ਅਰਸ਼ੀ

ਸੀਪੀਆਈ 1 ਦਸੰਬਰ ਨੂੰ ਦੇਸ਼ ਵਿਆਪੀ ਜੇਲ੍ਹ ਭਰੋ ਅੰਦੋਲਨ ਵਿਚ ਹੋਵੇਗੀ ਸ਼ਾਮਿਲ : ਕੌਂਸ਼ਲ

ਵਰਲਡ ਪੰਜਾਬੀ ਟਾਈਮਜ਼
ਟਿਕੂ ਕੁਮਾਰ

ਫਰੀਦਕੋਟ, 25 ਨਵੰਬਰ : ਪੰਜਾਬ ਸਮੇਤ ਦੇਸ਼ ਦੇ ਪੰਜ ਸੂਬਿਆਂ ਵਿੱਚ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ ਇੰਡੀਆ ਗੱਠਜੋੜ ਵਿੱਚ ਸ਼ਾਮਿਲ ਸਭ ਪਾਰਟੀਆਂ ਨੂੰ ਮਿਲ ਕੇ ਲੜਣੀਆਂ ਚਾਹੀਦੀਆਂ ਹਨ। ਗੱਠਜੋੜ ਦੀ ਵੱਡੀ ਪਾਰਟੀ ਹੋਣ ਦੇ ਨਾਤੇ ਕਾਂਗਰਸ ਪਾਰਟੀ ਸਿਰ ਇਹ ਜਿੰਮੇਵਾਰੀ ਹੈ ਕਿ ਉਹ ਭਾਜਪਾ ਵੱਲੋਂ ਦੇਸ਼ ਦੇ ਸੰਵਿਧਾਨ ਅਤੇ ਲੋਕਤੰਤਰ ਨੂੰ ਪੈਦਾ ਕੀਤੇ ਖ਼ਤਰੇ ਦਾ ਟਾਕਰਾ ਕਰਨ ਲਈ ਸੈਕੂਲਰ ਵੋਟਾਂ ਦੀ ਵੰਡ ਨੂੰ ਰੋਕਣ ਵਿੱਚ ਮਹਤਵਪੂਰਨ ਰੋਲ ਅਦਾ ਕਰੇ। ਇਹਨਾਂ ਸ਼ਬਦਾਂ ਦਾ



ਪ੍ਰਗਟਾਵਾ ਸੀ ਪੀ ਆਈ ਦੀ ਜਿਲਾ ਕੌਂਸਲ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਅਰਸ਼ੀ ਵੱਲੋਂ ਕੀਤਾ ਗਿਆ। ਸਾਥੀ ਪ੍ਰੇਮ ਚਾਵਲਾ ਦੀ ਪ੍ਰਧਾਨਗੀ ਹੇਠ ਸ਼ਹੀਦ ਕਾਮਰੇਡ ਅਮੋਲਕ ਭਵਨ ਫਰੀਦਕੋਟ ਵਿਖੇ ਹੋਈ ਇਸ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕਾਮਰੇਡ ਅਰਸ਼ੀ ਨੇ ਅੱਗੇ ਕਿਹਾ ਕਿ ਮੋਦੀ ਸਰਕਾਰ ਦੇ ਦਬਾਅ ਹੇਠ ਦੇਸ਼ ਦੇ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੇ ਵੋਟਰ ਸੂਚੀਆਂ ਵਿੱਚ ਸੋਧ ਕਰਨ ਦੀ ਆੜ ਹੇਠ ਤੇਰਾਂ ਕਰੋੜ ਤੋਂ ਵੱਧ ਵੋਟਰਾਂ ਤੋਂ ਵੋਟਾਂ ਪਾਉਣ ਦਾ ਹੱਕ ਖੋਹ ਲਿਆ ਹੈ ਜੋ ਹਜਾਰਾਂ ਦੇਸ਼ ਭਗਤਾਂ ਦੀਆਂ ਕੁਰਬਾਨੀਆਂ ਬਾਅਦ ਪ੍ਰਾਪਤ ਹੋਇਆ ਸੀ। ਉਨ੍ਹਾਂ ਨੇ ਪਾਰਟੀ ਵੱਲੋਂ ਕੌਮੀ ਅਤੇ ਸਥਾਨਕ ਲੋਕ ਮੁੱਦਿਆਂ ਨੂੰ ਲੈ ਕੇ ਦਸੰਬਰ ਮਹੀਨੇ ਦੇ ਪਹਿਲੇ ਤਿੰਨ ਦਿਨ ਦੇਸ਼ ਵਿਆਪੀ ਜੇਲ੍ਹ ਭਰੋ ਅੰਦੋਲਨ ਨੂੰ ਲਾਗੂ ਕਰਨ ਲਈ ਜਿਲਾ ਆਗੂਆਂ ਨੂੰ ਤਿਆਰੀ ਕਰਨ ਲਈ ਕਿਹਾ। ਮੀਟਿੰਗ ਨੂੰ ਜ਼ਿਲਾ ਸਕੱਤਰ ਅਸ਼ੋਕ ਕੌਂਸ਼ਲ, ਮੀਤ ਸਕੱਤਰ ਗੁਰਨਾਮ ਸਿੰਘ ਸਰਪੰਚ, ਮਾਸਟਰ ਗੁਰਚਰਨ ਸਿੰਘ ਮਾਨ, ਗੋਰਾ ਪਿਪਲੀ, ਵੀਰ ਸਿੰਘ ਕੰਮੇਆਣਾ, ਸੁਖਜਿੰਦਰ ਸਿੰਘ ਡੂੰਘੜਭੰਨ, ਹਰਪਾਲ ਸਿੰਘ ਮਚਾਕੀ, ਬੀਬੀ ਸ਼ਸ਼ੀ ਸ਼ਰਮਾ ਅਤੇ ਪ੍ਰਦੀਪ ਸਿੰਘ ਬਰਾੜ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਕੌਮੀ ਪੱਧਰ ਦੇ ਮੁੱਦਿਆਂ ਦੇ ਨਾਲ-ਨਾਲ ਪੰਜਾਬ ਵਿੱਚ ਨਸ਼ਿਆਂ, ਬੇਰੁਜ਼ਗਾਰੀ ਅਤੇ ਪੁਲਸੀਆ ਰਾਜ ਖ਼ਿਲਾਫ਼ ਸੰਘਰਸ਼ ਕਰਨ ਅਤੇ ਮਿਆਰੀ ਸਿੱਖਿਆ ਅਤੇ ਸਿਹਤ ਸਹੂਲਤਾਂ ਦੀ ਮੰਗ ਕਰਨ 'ਤੇ ਜੋਰ ਦਿੱਤਾ। ਸਰਬ ਸੰਮਤੀ ਨਾਲ ਫ਼ੈਸਲਾ ਕੀਤਾ ਗਿਆ ਕਿ ਪਹਿਲੀ ਦਸੰਬਰ ਨੂੰ ਸ਼ਹੀਦ ਕਾਮਰੇਡ ਅਮੋਲਕ ਭਵਨ ਵਿਖੇ ਇਕਠੇ ਹੋਣ ਉਪਰੰਤ ਡਿਪਟੀ ਕਮਿਸ਼ਨਰ ਦਫ਼ਤਰ ਦਾ ਘਿਰਾਓ ਕਰਕੇ ਗ੍ਰਿਫਤਾਰੀਆਂ ਦਿੱਤੀਆਂ ਜਾਣਗੀਆਂ। ਇਸ ਮੌਕੇ ਮੁਖਤਿਆਰ ਸਿੰਘ ਭਾਣਾ, ਜਗਤਾਰ ਸਿੰਘ ਭਾਣਾ, ਬੋਹੜ ਸਿੰਘ ਅਤੇ ਸ਼ਿਵ ਕੁਮਾਰ ਔਲਖ, ਗੁਰਦੀਪ ਸਿੰਘ ਅਤੇ ਜਸਪਾਲ ਸਿੰਘ ਦੀਪ ਸਿੰਘ ਵਾਲਾ, ਸੁਖਚਰਨ ਸਿੰਘ ਅਤੇ ਗੁਰਦੀਪ ਸਿੰਘ ਭੋਲਾ ਪੀਆਰਟੀਸੀ, ਇੰਦਰਜੀਤ ਸਿੰਘ ਗਿੱਲ, ਸੋਮ ਨਾਥ ਅਰੋੜਾ, ਜਗਤਾਰ ਸਿੰਘ ਰਾਜੇਵਾਲਾ, ਚਰਨਜੀਤ ਸਿੰਘ ਚੰਮੇਲੀ, ਬੂਟਾ ਸਿੰਘ ਅਤੇ ਕੁਲਵੰਤ ਸਿੰਘ ਔਲਖ ਅਤੇ ਮੈਡਮ ਗੁਰਦੀਪ ਕੌਰ ਨੇ ਵੀ ਸ਼ਮੂਲੀਅਤ ਕੀਤੀ। ਇਕ ਮਤਾ ਪਾਸ ਕਰਕੇ ਸੇਵਾ ਕੇਂਦਰਾਂ ਦੇ ਮੁਲਾਜ਼ਮਾਂ ਉਪਰ ਸੰਗਰੂਰ ਪੁਲਿਸ ਵੱਲੋਂ ਕੀਤੇ ਤਸ਼ੱਦਦ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ।

ਸਾਹਿਤਕ ਸਮਾਗਮ ਦੀਆਂ ਯਾਦਾਂ, ਮੁਹੱਬਤਾਂ ਦੀ ਸਾਂਝ ਅਤੇ ਵਿਰਸੇ ਦੀਆਂ ਅਨਮੋਲ ਬਾਤਾਂ

ਵਰਲਡ ਪੰਜਾਬੀ ਟਾਈਮਜ਼



ਲੁਧਿਆਣਾ 25 ਨਵੰਬਰ : ਕੱਲ੍ਹ ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਵੱਲੋ ਪੰਜਾਬੀ ਭਵਨ ਲੁਧਿਆਣਾ ਵਿੱਚ ਕਰਵਾਏ ਸਮਾਗਮ ਵਿੱਚ "ਡਾ. ਰਤਨ ਸਿੰਘ ਜੱਗੀ ਯਾਦਗਾਰੀ ਪੰਜਾਬ ਰਤਨ ਪੁਰਸਕਾਰ" ਪ੍ਰਬੁੱਧ ਪੰਜਾਬੀ ਲਿਆਕਤਵਾਨ ਤੇ ਸਦੀ ਜਿੱਡੇ ਵਡਪੁਰਖੇ ਡਾ. ਸ ਸ ਜੌਹਲ ਜੀ ਨੂੰ ਦਿੱਤਾ ਗਿਆ।

ਇਸ ਮੌਕੇ ਸਿਰਸਾ (ਹਰਿਆਣਾ) ਤੋਂ ਆਇਆ ਲੇਖਕ ਵੀਰ ਗੁਰਥਾਜ਼ ਸਿੰਘ ਮਿਲਿਆ। ਪਹਿਲੀ ਮੁਲਾਕਾਤ ਮੁਹੱਬਤ ਵਿੱਚ ਲਥਰੇਜ਼। ਮੇਰੇ ਵਿਦਿਆਰਥੀ ਤੇ ਪ੍ਰਸਿੱਧ ਲੇਖਕ ਡਾ. ਦਰਸ਼ਨ ਸਿੰਘ ਹਰਵਿੰਦਰ ਦੇ ਹਵਾਲੇ ਨਾਲ ਇਹ ਮਿਲਣੀ ਇੱਕ ਵਡਮੁੱਲੇ ਤੋਹਫ਼ੇ ਵਰਗੀ ਸੀ। ਉਸ ਨੇ ਵਿਰਸੇ ਬਾਰੇ ਆਪਣੀ ਕਿਤਾਬ "ਹੁਣ ਉਹ ਗੱਲਾਂ ਕਿੱਥੇ? ਮੈਨੂੰ ਦਿੱਤੀ। ਇਸ ਦੇ ਕੁਝ ਕੁ ਵਰਕੇ ਰਾਤੀਂ ਪੜ੍ਹੇ। ਗੁਆਚੇ ਸਮਿਆਂ ਦੀ ਦਿਲਚਸਪ ਵਾਰਤਾ। ਤੁਸੀਂ ਵੀ ਪੜ੍ਹਿਉ। ਯੂਨੀਸਟਾਰ ਮੋਹਾਲੀ ਨੇ ਛਾਪੀ ਹੈ।

12 ਦਸੰਬਰ ਨੂੰ ਪਟਿਆਲਾ, ਰਾਜਪੁਰਾ, ਸਮਾਣਾ ਤੇ ਨਾਭਾ ਵਿਖੇ ਲੱਗੇਗੀ ਕੌਮੀ ਲੋਕ ਅਦਾਲਤ: ਜ਼ਿਲ੍ਹਾ ਅਤੇ ਸੈਸ਼ਨ ਜੱਜ ਅਵਤਾਰ ਸਿੰਘ

ਵਰਲਡ ਪੰਜਾਬੀ ਟਾਈਮਜ਼

ਪਟਿਆਲਾ, 25 ਨਵੰਬਰ: ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਸ੍ਰੀ ਅਵਤਾਰ ਸਿੰਘ ਨੇ ਦੱਸਿਆ ਕਿ 12 ਦਸੰਬਰ ਨੂੰ ਸੈਸ਼ਨ ਡਿਵੀਜ਼ਨ ਪਟਿਆਲਾ ਵਿਖੇ ਕੌਮੀ ਲੋਕ ਅਦਾਲਤ ਲਗਾਈ ਜਾ ਰਹੀ ਹੈ। ਇਸ ਲੋਕ ਅਦਾਲਤ ਵਿੱਚ ਵੱਖ-ਵੱਖ ਕਿਸਮ ਦੇ ਲੰਬਿਤ ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਜਾਵੇਗਾ। ਇਸ ਮੌਕੇ ਓਹਨਾ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਅਤੇ ਅਮਨਦੀਪ ਕੰਬੋਜ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।



ਉਨ੍ਹਾਂ ਦੱਸਿਆ ਕਿ ਕੌਮੀ ਲੋਕ ਅਦਾਲਤ ਦੌਰਾਨ ਚੈੱਕ ਬਾਊਂਸ ਦੇ ਕੇਸ, ਬੈਂਕ ਰਿਕਵਰੀ ਦੇ ਮਾਮਲੇ, ਮੋਟਰ ਵਹੀਕਲ ਐਕਟ ਨਾਲ ਸਬੰਧਤ ਕੇਸ, ਪਰਿਵਾਰਕ ਝਗੜੇ, ਵਿਆਹ ਨਾਲ ਸਬੰਧਤ ਵਿਵਾਦ (ਤਲਾਕ ਦੇ ਮਾਮਲਿਆਂ ਨੂੰ ਛੱਡ